# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 5-10-2023**

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਜਲ ਸੈਨਾ ਦੇ ਅੱਪਡੇਟ ਸਵਦੇਸ਼ੀ ਪ੍ਰੋਗਰਾਮ - ਸਵਾਵ-ਲੰਬਨ ਦੇ ਦੂਜੇ ਪੜਾਅ ਦੀ ਸ਼ੁਰੂਆਤ ਕੀਤੀ ਏ। ਇਸ ਸਮਾਗਮ ਦੌਰਾਨ ਸਵਦੇਸ਼ੀ ਰੱਖਿਆ ਨਿਰਮਾਣ ਉਤਸ਼ਾਹਿਤ ਕਰਨ ਲਈ ਪੰਜਵੀਂ ਹਾਂ-ਪੱਖੀ ਸਵਦੇਸ਼ੀ ਸੂਚੀ ਦਾ ਐਲਾਨ ਕੀਤਾ ਗਿਆ।

ਇਸ ਵਿੱਚ ਗੁੰਝਲਦਾਰ ਪ੍ਰਣਾਲੀਆਂ, ਸੈਂਸਰ, ਹਥਿਆਰ ਅਤੇ ਗੋਲਾ ਬਾਰੂਦ ਸਮੇਤ 98 ਮਿਲਟਰੀ ਹਾਰਡਵੇਅਰ ਸ਼ਾਮਲ ਕੀਤੇ ਗਏ ਨੇ । 'ਸਪ੍ਰਿੰਟ ਚੁਣੌਤੀਆਂ' ਦਾ ਜ਼ਿਕਰ ਕਰਦੇ ਹੋਏ, ਰਾਜਨਾਥ ਸਿੰਘ ਨੇ ਕਿਹਾ ਕਿ ਸਪ੍ਰਿੰਟ ਇਨੋਵੇਸ਼ਨ ਚੈਲੇਂਜ, ਜਲ ਸੈਨਾ ਵਿੱਚ ਸਵਦੇਸ਼ੀ ਤਕਨਾਲੋਜੀ ਤੇ ਉਤਪਾਦਾਂ ਦੀ ਵਰਤੋਂ ਉਤਸ਼ਾਹਿਤ ਕਰਨ ਦੇ ਮੰਤਵ ਨਾਲ ਸ਼ੁਰੂ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਇਸ ਦੇ ਹੁਣ ਤੱਕ ਦੇ ਨਤੀਜਿਆਂ ਨੂੰ ਦੇਖਦੇ ਹੋਏ, ਇਹ ਸਪੱਸ਼ਟ ਹੁੰਦਾ ਏ ਕਿ ਹਥਿਆਰਬੰਦ ਬਲਾਂ ਤੇ ਰੱਖਿਆ ਉਤਪਾਦਨ ਵਿਭਾਗ ਨੇ, ਇਸ ਦਿਸ਼ਾ ਵਿੱਚ ਬਹੁਤ ਵਧੀਆ ਪ੍ਰਦਰਸ਼ਨ ਕੀਤਾ ਏ।

---

ਪੰਜਾਬ BJP ਦੇ ਸੂਬਾ ਮੀਤ ਪ੍ਰਧਾਨ ਬਿਕਰਮਜੀਤ ਸਿੰਘ ਚੀਮਾ ਨੇ ਕਿਹਾ ਏ ਕਿ ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰ ਸੰਜੇ ਸਿੰਘ ਦੇ ਟਿਕਾਣਿਆਂ ਤੇ ਇਨਫੋਰਸਮੈਂਟ ਡਾਇਰੈਕਟੋਰੇਟ ਨੇ ਜਿਹੜੇ ਛਾਪੇ ਮਾਰੇ ਨੇ ਇਹ ਡਾਇਰੈਕਟੋਰੇਟ ਦੇ ਰੋਜ਼ਾਨਾ ਦੇ ਕੰਮ-ਕਾਜ ਦਾ ਹਿੱਸਾ ਨੇ, ਜਿੰਨਾਂ ਬਾਰੇ ਆਮ ਆਦਮੀ ਪਾਰਟੀ ਨੂੰ ਪ੍ਰੋਪੇਗੰਡਾ ਨਹੀਂ ਕਰਨਾ ਚਾਹੀਦਾ ਏ ।

ਚੰਡੀਗੜ੍ਹ ਤੋਂ ਜਾਰੀ ਇਕ ਬਿਆਨ ਵਿੱਚ, ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਅਤੇ ਸਾਂਸਦ ਸੰਜੇ ਸਿੰਘ ਨੂੰ, ਜਾਂਚ ਵਿੱਚ ਸਹਿਯੋਗ ਕਰਨਾ ਚਾਹੀਦਾ ਏ ਕਿਓਂਕਿ ਇਸ ਤੋਂ ਪਹਿਲਾਂ ਵੀ ਇਨਫੋਰਸਮੈਂਟ ਡਾਇਰੈਕਟੋਰੇਟ ਦੀਆਂ ਕੀਤੀਆਂ ਕਾਰਵਾਈਆਂ ਉੱਪਰ ਦੇਸ਼ ਦੀਆਂ ਅਦਾਲਤਾਂ ਨੇ ਵੀ ਮੋਹਰ ਲਾਈ ਏ, ਜਿੰਨਾਂ ਵਿਚੋਂ ਆਮ ਆਦਮੀ ਪਾਰਟੀ ਦਿੱਲੀ ਦੇ ਉਪ-ਮੁੱਖ ਮੰਤਰੀ ਮਨੀਸ਼ ਸਿਸੋਦੀਆ ਅਤੇ ਮੰਤਰੀ ਸੱਤਪਾਲ ਜੈਨ ਪ੍ਰਮੁੱਖ ਨੇ । ਉਨ੍ਹਾਂ ਕਿਹਾ ਕਿ ਇਨਫੋਰਸਮੈਂਟ ਡਾਇਰੈਕਟੋਰੇਟ ਆਪਣੀ ਕਾਰਵਾਈ ਦੇਸ਼ ਹਿਤ ਵਿੱਚ ਹੀ ਕਰ ਰਿਹਾ ਏ ।

-----------------------------------------------------------------------------------

ਪੰਜਾਬ ਸਰਕਾਰ ਨੇ ਬਰਸਾਤ ਵਿੱਚ ਆਏ ਹੜ੍ਹਾਂ ਦੌਰਾਨ ਦਰਿਆਵਾਂ ਦੇ ਰੁਖ ਵਿੱਚ ਤਬਦੀਲੀ ਕਾਰਣ ਰੇਤ ਦੇ ਫੈਲਾਅ ਨਾਲ ਬਰਬਾਦ ਹੋਈ ਆਪਣੀ ਜ਼ਮੀਨ ਮੁੜ ਵਾਹੀਯੋਗ ਬਣਾਉਣ ਦੀ ਕਿਸਾਨਾਂ ਦੀ ਮੰਗ ਪ੍ਰਵਾਨ ਕਰਦਿਆਂ ਖੇਤਾਂ ਵਿਚ ਜਮ੍ਹਾਂ ਰੇਤ ਕੱਢਣ ਦੀ ਇਜਾਜ਼ਤ ਕਿਸਾਨਾਂ ਨੂੰ ਦੇ ਦਿੱਤੀ ਏ । ਮੋਹਾਲੀ ਜ਼ਿਲੇ ਦੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਸਰਕਾਰ ਦਾ ਇਹ ਫੈਸਲਾ ਰੇਤ ਦੀ ਨਿਕਾਸੀ ਲਈ ਮੰਗ ਕਰ ਰਹੇ ਕਿਸਾਨਾਂ ਲਈ ਵਰਦਾਨ ਸਾਬਤ ਹੋਵੇਗਾ । ਉਨ੍ਹਾਂ

ਕਿਹਾ ਕਿ ਕਿਸਾਨ ਅੱਜ ਅਕਤੂਬਰ ਤੱਕ ਆਪਣੇ ਖੇਤਾਂ 'ਚੋਂ ਰੇਤ ਦੀ ਪਰਤ ਆਪਣੇ ਤੌਰ 'ਤੇ ਹਟਾ ਸਕਦੇ ਨੇ।

------------------------------------------------------------

ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਡਾ. ਰੂਹੀ ਦੁੱਗ ਦੀ ਪ੍ਰਧਾਨਗੀ ਹੇਠ ਸੜਕ ਸੁਰੱਖਿਆ ਦੇ ਸਬੰਧ ਵਿੱਚ ਇਕ ਮੀਟਿੰਗ ਦਾ ਆਯੋਜਨ ਕੀਤਾ ਗਿਆ।

ਮੀਟਿੰਗ ਦੌਰਾਨ ਉਨਾਂ ਜ਼ਿਲ੍ਹੇ ਦੇ ਕਾਰਜ ਸਾਧਕ ਅਫਸਰਾਂ ਨੂੰ ਹਦਾਇਤ ਕੀਤੀ ਕਿ ਅਵਾਰਾ ਪਸ਼ੂਆਂ ਨਾਲ ਵਾਪਰਣ ਵਾਲੀਆਂ ਘਟਨਾਵਾਂ ਰੋਕਣ ਲਈ ਸਖਤ ਕਦਮ ਚੁੱਕੇ ਜਾਣ ਅਤੇ ਇਹਨਾਂ ਪਸ਼ੂਆਂ ਨੂੰ ਸਰਕਾਰੀ ਗਊਸ਼ਾਲਾ ਰੱਤਾ ਟਿੱਬਾ ਤੇ ਸਿੱਖਵਾਲਾ ਵਿਖੇ ਛੱਡਿਆ ਜਾਵੇ ਤਾਂ ਜੋ ਲੋਕਾਂ ਨੂੰ ਕੋਈ ਸਮੱਸਿਆ ਪੇਸ਼ ਨਾ ਆਵੇ।

ਡਾ. ਰੂਹੀ ਦੁੱਗ ਨੇ ਜ਼ਿਲ੍ਹੇ ਦੀਆਂ ਨਗਰ ਕੌਸਲਾਂ ਨੂੰ ਵੀ ਹਦਾਇਤ ਕੀਤੀ ਕਿ ਸ਼ਹਿਰਾਂ ਵਿੱਚ ਜਿਨਾਂ ਦੁਕਾਨਦਾਰਾਂ ਨੇ ਸੜਕਾਂ ਤੇ ਆਪਣਾ ਨਿੱਜੀ ਸਮਾਨ ਰੱਖ ਕੇ ਨਜਾਇਜ਼ ਕਬਜੇ ਕੀਤੇ ਹੋਏ ਨੇ, ਉਹਨਾਂ ਤੋਂ ਨਜਾਇਜ਼ ਕਬਜ਼ੇ ਛੁਡਵਾਉਣ ਦੀ ਮੁਹਿੰਮ ਸ਼ੁਰੂ ਕੀਤੀ ਜਾਵੇ ਅਤੇ ਬਿਜਲੀ ਦੇ ਖੰਭਿਆਂ ਤੇ ਲੱਗੇ ਨਜਾਇਜ਼ ਹੋਰਡਿੰਗ ਵੀ ਉਤਰਵਾਏ ਜਾਣ।

------------------------------------------------------------

ਗੁਰਦਾਸਪੁਰ ਜ਼ਿਲ੍ਹਾ ਪ੍ਰਸ਼ਾਸਨ ਨੇ ਪਿਛਲੇ ਕਈ ਸਾਲਾਂ ਤੋਂ ਫਸਲੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਵਾਲੇ ਜ਼ਿਲ੍ਹੇ ਦੇ 25 ਅਗਾਂਹਵਧੂ ਕਿਸਾਨਾਂ ਦਾ 'ਵਾਤਾਵਰਨ ਦੇ ਰਾਖੇ' ਪੁਰਸਕਾਰ  ਨਾਲ ਸਨਮਾਨ ਕੀਤਾ ਏ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇੱਕ ਸਮਾਗਮ ਦੌਰਾਨ ਕਿਸਾਨਾਂ ਨੂੰ ਇਹ ਸਨਮਾਨ ਦਿੱਤਾ। ਡਾ. ਅਗਰਵਾਲ ਨੇ ਕਿਹਾ ਕਿ ਇਨ੍ਹਾਂ ਕਿਸਾਨਾਂ ਨੇ ਇਹ ਸਾਬਤ ਕਰ ਦਿੱਤਾ ਏ ਕਿ ਫਸਲੀ ਰਹਿੰਦ-ਖੂੰਹਦ ਨੂੰ ਬਿਨ੍ਹਾਂ ਅੱਗ ਲਗਾਏ ਫਸਲਾਂ ਦੀ ਕਾਸ਼ਤ ਕਰਨ ਨਾਲ ਜਿਥੇ ਫ਼ਸਲਾਂ ਦਾ ਝਾੜ ਵੱਧ ਨਿਕਲਦਾ ਏ ਓਥੇ ਇਸ ਨਾਲ ਵਾਤਾਵਰਨ ਵੀ ਦੂਸ਼ਿਤ ਹੋਣ ਤੋਂ ਬੱਚਦਾ ਏ। ਉਨਾਂ ਐਲਾਨ ਕੀਤਾ ਕਿ ਜ਼ਿਲ੍ਹੇ ਦੇ ਹਾਟ-ਸਪਾਟ ਪਿੰਡਾਂ ਵਿੱਚ ਜਿਹੜੇ ਕਿਸਾਨ ਇਸ ਵਾਰ ਪਰਾਲਿ ਨੂੰ ਅੱਗ ਨਹੀਂ ਲਗਾਉਣਗੇ। ਜ਼ਿਲ੍ਹਾ ਪ੍ਰਸ਼ਾਸਨ ਉਨ੍ਹਾਂ ਨੂੰ ਵੀ 'ਵਾਤਾਵਰਨ ਦੇ ਰਾਖੇ' ਐਵਾਰਡ ਨਾਲ ਸਨਮਾਨਿਤ ਕਰੇਗਾ।

-------------------------------------------------------------------

ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਦੇ ਲਾਈਵਲੀਹੁੱਡ ਕੰਪੋਨੈਂਟ ਅਧੀਨ ਬਰਨਾਲਾ ਦੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਸਵੈ ਸੇਵੀ ਗਰੁੱਪਾਂ ਦੀਆਂ ਔਰਤ ਮੈਂਬਰਾਂ ਨੂੰ ਸਰਦੀ ਰੁੱਤ ਦੇ ਬੀਜਾਂ ਦੀਆਂ 750 ਕਿੱਟਾਂ ਵੰਡੀਆਂ।

ਇਸ ਮੌਕੇ ਉਨ੍ਹਾਂ ਸਵੈ ਸੇਵੀ ਗਰੁੱਪ ਦੇ ਮੈਂਬਰਾਂ ਨੂੰ ਕਿਹਾ ਕਿ ਉਹ ਆਪਣੇ ਘਰਾਂ ਵਿੱਚ ਬਗੀਚਿਆਂ ਲਗਾ ਕੇ ਬਿਨਾਂ ਸਪਰੇਅ ਦੀਆਂ ਸਬਜ਼ੀਆਂ ਦੀ ਕਾਸ਼ਤ ਕਰਨ ਤਾਂ ਜੋ ਤੰਦਰੁਸਤ ਜੀਵਨ ਜੀ ਸਕਣ।  ਉਨ੍ਹਾਂ ਕਿਹਾ ਕਿ ਘਰ ਵਿੱਚ ਸਬਜ਼ੀਆਂ

ਦੀ ਕਾਸ਼ਤ ਕਰਕੇ ਘਰ ਦੇ ਖਰਚੇ ਵੀ ਘਟਾਏ ਜਾ ਸਕਦੇ ਨੇ ਅਤੇ ਆਉਣ ਵਾਲੇ ਸਮੇਂ ਵਿੱਚ ਇਹ ਕਿੱਟਾਂ ਹੋਰ ਗਰੁੱਪਾਂ ਨੂੰ ਵੀ ਵੰਡੀਆਂ ਜਾਣਗੀਆਂ।

-------------------------------------------------------------

ਫਾਜ਼ਿਲਕਾ ਦੇ ਸਰਕਾਰੀ ਆਈ ਟੀ ਆਈ ਦੇ ਪ੍ਰਿੰਸੀਪਲ ਹਰਦੀਪ ਕੁਮਾਰ ਦੀ ਅਗਵਾਈ ਹੇਠ ਰੈੱਡ ਰਿਬਨ ਕਲੱਬ ਅਤੇ ਬਡੀ ਗਰੁੱਪ ਵਲੋ ਕਲ ਇਕ ਨਸ਼ਾ ਵਿਰੋਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਰਕਾਰੀ ਸਾਂਝ ਕੇਂਦਰ ਫਾਜ਼ਿਲਕਾ ਦੀ ਟੀਮ ਵਿਸ਼ੇਸ਼ ਤੌਰ ’ਤੇ ਪਹੁੰਚੀ।

ਬੁਲਾਰਿਆਂ ਨੇ ਵਿਦਿਆਰਥੀਆਂ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਤੋਂ ਵਿਸਥਾਰ ਸਹਿਤ ਜਾਣੂ ਕਰਵਾਇਆ ਅਤੇ ਨਸ਼ਿਆਂ ਦਾ ਸੇਵਨ ਨਾ ਕਰਨ ਦੀ ਨਸੀਹਤ ਦਿੱਤੀ। ਉਨ੍ਹਾਂ ਦੱਸਿਆ ਕਿ ਇਹ ਪਦਾਰਥ ਮਨੁੱਖੀ ਸਰੀਰ ਦੇ ਸੰਤੁਲਨ ਨੂੰ ਵਿਗਾੜਨ ਤੇ ਸੋਚਣ ਸ਼ਕਤੀ ਨੂੰ ਵੀ ਘੱਟ ਕਰਦੇ ਨੇ ਅਤੇ ਸਰੀਰ ਦੇ ਹਾਰਮੋਨ ਤੇ ਮਾੜਾ ਅਸਰ ਪਾਉਂਦੇ ਨੇ।

-------------------------------------------------------------

ਕਾਰਗਿਲ ਦੇ ਨਾਇਕ ਸ਼ਹੀਦ ਕੈਪਟਨ ਸੁਮਿਤ ਰਾਏ "ਵੀਰ ਚੱਕਰ" ਦੇ 46ਵੇਂ ਜਨਮ ਦਿਨ ਦੀ ਯਾਦ ਵਿੱਚ ਸਵਾਤ ਐਸੋਸੀਏਸ਼ਨ ਇੰਡੀਆ ਨੇ, 30 ਸਤੰਬਰ ਤੋਂ 2 ਅਕਤੂਬਰ ਤੱਕ ਚੰਡੀਗੜ੍ਹ ’ਚ ਸੈਕਟਰ 56 ਸਥਿਤ ਸਪੋਰਟਸ ਕੰਪਲੈਕਸ ਵਿਖੇ 6ਵੀਂ ਰਾਸ਼ਟਰੀ ਸਵਾਤ ਚੈਂਪੀਅਨਸ਼ਿਪ ਦਾ ਆਯੋਜਨ ਕੀਤਾ।

ਸ਼ਹੀਦ ਦੀ ਮਾਤਾ ਸਪਨਾ ਰਾਏ ਨੇ ਇਸ ਚੈਂਪੀਅਨਸ਼ਿਪ ਦਾ ਰਸਮੀ ਉਦਘਾਟਨ ਕੀਤਾ। ਇਸ ਵਿੱਚ 15 ਸੂਬਿਆਂ ਦੇ ਕੋਈ 200 ਖਿਡਾਰੀਆਂ ਨੇ ਹਿੱਸਾ ਲਿਆ। ਪੱਛਮੀ ਬੰਗਾਲ ਪਹਿਲੇ, ਹਿਮਾਚਲ ਪ੍ਰਦੇਸ਼ ਦੂਜੇ ਅਤੇ ਹਰਿਆਣਾ ਤੀਜੇ ਸਥਾਨ ’ਤੇ ਰਹੇ। ਬਿਹਾਰ ਦੇ ਨਾਸਿਰ ਫਿਰੋਜ਼ ਤੇ ਹਰਿਆਣਾ ਦੇ ਮਨਸੀਰਤ ਨੂੰ ਬੇਹਤਰੀਨ ਮੁੱਕੇਬਾਜ਼ ਚੁਣਿਆ ਗਿਆ। ਸਮਾਪਤੀ ਸਮਾਗਮ ਵਿੱਚ ਮੁੱਖ ਮਹਿਮਾਨ ਇਕਬਾਲ ਸਿੰਘ ਨੇ ਜੇਤੂਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ।

---------------------------------------------------------------------

ਆਈ. ਸੀ. ਸੀ. ਵਿਸ਼ਵ ਕੱਪ ਅੱਜ ਤੋਂ ਸ਼ੁਰੂ ਹੋ ਰਿਹਾ ਏ। ਪਹਿਲਾ ਮੈਚ ਨਿਊਜ਼ੀਲੈਂਡ ਅਤੇ ਇੰਗਲੈਂਡ ਵਿਚਾਲੇ ਅਹਿਮਦਾਬਾਦ ਦੇ ਨਰੇਂਦਰ ਮੋਦੀ ਸਟੇਡੀਅਮ ਵਿੱਚ ਖੇਡਿਆ ਜਾਵੇਗਾ। ਇਸ ਸਟੇਡੀਅਮ ਵਿੱਚ ਵਿਸ਼ਵ ਕੱਪ ਦੇ 5 ਮੈਚ ਖੇਡੇ ਜਾਣੇ ਨੇ। ਭਾਰਤ-ਪਾਕਿਸਤਾਨ ਵਿਚਾਲੇ ਵੱਕਾਰੀ ਮੈਚ 14 ਅਕਤੂਬਰ ਨੂੰ ਅਤੇ ਵਿਸ਼ਵ ਕੱਪ ਦਾ ਫਾਈਨਲ 19 ਨਵੰਬਰ ਨੂੰ ਖੇਡਿਆ ਜਾਵੇਗਾ।